# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 17-03-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਸਰਕਾਰ ਨੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੀ ਬਜਟ ਵੰਡ ਨੂੰ ਵਧਾ ਕੇ 2025-26 ਦੌਰਾਨ 1 ਲੱਖ 27 ਹਜ਼ਾਰ 290 ਕਰੋੜ ਰੁਪਏ ਕਰ ਦਿੱਤਾ ਏ।

- ਲੋਕ ਸਭਾ ਨੇ ਅੱਜ ਕਾਂਗਰਸ ਦੇ ਅਮਰਿੰਦਰ ਸਿੰਘ ਰਾਜਾ ਵੜਿੰਗ, ਤੇ ਗੁਰਜੀਤ ਸਿੰਘ ਔਜਲਾ ਸਮੇਤ ਅੱਠ ਵਿਰੋਧੀ ਸੰਸਦ ਮੈਂਬਰਾਂ ਦੀ ਮੁਅੱਤਲੀ ਰੱਦ ਕਰ ਦਿੱਤੀ ਏ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਧੂਰੀ ਵਿਖੇ 50 ਬਿਸਤਰਿਆਂ ਦੀ ਸਮਰੱਥਾ ਵਾਲਾ ਸਬ-

ਡਿਵੀਜ਼ਨਲ ਹਸਪਤਾਲ ਅਤੇ 30 ਬਿਸਤਰਿਆਂ ਵਾਲਾ ਜੱਚਾ-ਬੱਚਾ ਬਲਾਕ ਜਨਤਾ ਨੂੰ ਸਮਰਪਿਤ ਕੀਤਾ।

- ਚੰਡੀਗੜ੍ਹ ਪ੍ਰਸ਼ਾਸਨ ਨੇ ਸਾਬਕਾ ਫੌਜੀਆਂ ਲਈ ਵੱਖ-ਵੱਖ ਭਲਾਈ ਯੋਜਨਾਵਾਂ ਤਹਿਤ ਦਰਾਂ ਵਿੱਚ ਸੋਧ ਨੂੰ ਮਨਜ਼ੂਰੀ ਦੇ ਦਿੱਤੀ ਏ।

- ਸਰਕਾਰ ਨੇ ਸਪੱਸ਼ਟ ਕੀਤਾ ਏ ਕਿ LPG ਬਾਇਓਮੈਟ੍ਰਿਕ ਆਧਾਰ ਪ੍ਰਮਾਣੀਕਰਨ (e-KYC) ਸਿਰਫ਼ ਗੈਰ-ਪ੍ਰਮਾਣਿਤ LPG ਗਾਹਕਾਂ ਲਈ ਜ਼ਰੂਰੀ ਏ।

## ਹੁਣ ਖਬਰਾਂ ਵਿਸਥਾਰ ਨਾਲ

ਸਰਕਾਰ ਨੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੀ ਬਜਟ ਵੰਡ ਨੂੰ 2013-14 ਦੌਰਾਨ 21 ਹਜ਼ਾਰ 933 ਕਰੋੜ ਤੋਂ ਵਧਾ ਕੇ 2025-26 ਦੌਰਾਨ 1 ਲੱਖ 27 ਹਜ਼ਾਰ 290 ਕਰੋੜ ਕਰ ਦਿੱਤਾ ਏ। ਇਹ ਜਾਣਕਾਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਰਾਜ ਮੰਤਰੀ ਭਾਗੀਰਥ ਚੌਧਰੀ ਨੇ ਅੱਜ ਲੋਕ ਸਭਾ ਵਿੱਚ ਇੱਕ ਸਵਾਲ

ਦੇ ਲਿਖਤੀ ਜਵਾਬ ਵਿੱਚ ਦਿੱਤੀ. ਉਨ੍ਹਾਂ ਕਿਹਾ ਕਿ ਸਰਕਾਰ ਨੇ ਉਤਪਾਦਨ, ਮਿਹਨਤਾਨਾ ਵਾਪਸੀ ਅਤੇ ਆਮਦਨ ਸਹਾਇਤਾ ਵਧਾ ਕੇ ਕਿਸਾਨਾਂ ਦੀ ਭਲਾਈ ਲਈ ਕਈ ਯੋਜਨਾਵਾਂ ਸ਼ੁਰੂ ਕੀਤੀਆਂ ਨੇ. ਉਨ੍ਹਾਂ ਕਿਹਾ ਕਿ ਹੁਣ ਤੱਕ 9 ਲੱਖ ਹੈਕਟੇਅਰ ਨੂੰ ਕਵਰ ਕਰਦੇ ਹੋਏ 18 ਹਜ਼ਾਰ 825 ਕਲੱਸਟਰ ਬਣਾਏ ਗਏ ਨੇ ਅਤੇ 19 ਲੱਖ ਕਿਸਾਨਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ ਏ । ਮੰਤਰੀ ਨੇ ਅੱਗੇ ਕਿਹਾ ਕਿ ਉਤਪਾਦਨ ਦੀ ਲਾਗਤ ਦੀ ਪਰਵਾਹ ਕੀਤੇ ਬਿਨਾਂ ਕਿਸਾਨਾਂ ਨੂੰ, ਯੂਰੀਆ ਇੱਕ ਕਾਨੂੰਨੀ ਤੌਰ 'ਤੇ ਸੂਚਿਤ ਵੱਧ ਤੋਂ ਵੱਧ ਪ੍ਰਚੂਨ ਕੀਮਤ 'ਤੇ ਪ੍ਰਦਾਨ ਕੀਤਾ ਜਾਂਦਾ ਏ । ਸਰਕਾਰ ਨੇ ਨੌਜਵਾਨਾਂ ਲਈ ਇੱਕ ਵਿਹਾਰਕ ਕਰੀਅਰ ਵਿਕਲਪ ਵਜੋਂ ਖੇਤੀਬਾੜੀ ਨੂੰ ਉਤਸ਼ਾਹਿਤ ਕਰਨ ਲਈ ਕਈ ਪਹਿਲਕਦਮੀਆਂ ਵੀ ਕੀਤੀਆਂ ਨੇ. ਭਾਰਤੀ ਖੇਤੀਬਾੜੀ ਖੋਜ ਕੌਂਸਲ (ICAR) ਨੇ ਦੇਸ਼ ਦੇ ਦਿਹਾਤੀ ਜ਼ਿਲ੍ਹਿਆਂ ਵਿੱਚ 731 ਕ੍ਰਿਸ਼ੀ ਵਿਗਿਆਨ ਕੇਂਦਰ (KVK) ਕਾਇਮ ਕੀਤੇ ਨੇ.

---------------------------------------------------------------------

ਲੋਕ ਸਭਾ ਨੇ ਅੱਜ ਸਰਬਸੰਮਤੀ ਨਾਲ ਇੱਕ ਮਤਾ ਪਾਸ ਕਰਨ ਤੋਂ ਬਾਅਦ ਅੱਠ ਵਿਰੋਧੀ ਸੰਸਦ ਮੈਂਬਰਾਂ ਦੀ ਮੁਅੱਤਲੀ ਰੱਦ ਕਰ ਦਿੱਤੀ। ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜੀਜੂ ਨੇ ਮੈਂਬਰਾਂ ਦੀ ਮੁਅੱਤਲੀ ਨੂੰ ਤੁਰੰਤ ਰੱਦ ਕਰਨ ਦਾ ਮਤਾ ਪੇਸ਼ ਕੀਤਾ। ਮੁਅੱਤਲ ਕੀਤੇ ਗਏ ਸੰਸਦ ਮੈਂਬਰਾਂ ਵਿੱਚ ਕਾਂਗਰਸ ਦੇ ਅਮਰਿੰਦਰ ਸਿੰਘ ਰਾਜਾ ਵੜਿੰਗ, ਤੇ ਗੁਰਜੀਤ ਸਿੰਘ ਔਜਲਾ, ਅਤੇ ਸੀਪੀਆਈ(ਐਮ) ਦੇ ਮਾਨਿਕਮ ਟੈਗੋਰ, ਸਮੇਤ ਵਿਰੋਧੀ ਧਿਰ ਦੇ 8 ਮੈਂਬਰ ਸ਼ਾਮਿਲ ਨੇ . ਲੋਕ ਸਭਾ ਸਪੀਕਰ ਓਮ ਬਿਰਲਾ ਨੇ ਕਿਹਾ ਕਿ ਕੱਲ੍ਹ ਲੋਕ ਸਭਾ ਵਿੱਚ ਵੱਖ-ਵੱਖ ਪਾਰਟੀਆਂ ਦੇ ਨੇਤਾਵਾਂ ਦੀ ਮੀਟਿੰਗ ਦੌਰਾਨ, ਹਰੇਕ ਪਾਰਟੀ ਨੇ ਸੰਸਦੀ ਰਵਾਇਤਾਂ ਦੀ ਪਾਲਣਾ ਕਰਨ ਅਤੇ ਸਦਨ ਦੀ ਗਰਿਮਾ ਤੇ ਮਰਿਆਦਾ ਬਣਾਈ ਰੱਖਣ ਦੀ ਆਪਣੀ ਵਚਨਬੱਧਤਾ ਦੁਹਰਾਈ। ਉਨ੍ਹਾਂ ਮੈਂਬਰਾਂ ਨੂੰ ਸੰਸਦ ਭਵਨ ਕੰਪਲੈਕਸ ਵਿੱਚ ਤਖ਼ਤੀਆਂ, ਬੈਨਰ ਅਤੇ ਏਆਈ ਨਾਲ ਤਿਆਰ ਕੀਤੇ ਵੀਡੀਓ ਅਤੇ ਤਸਵੀਰਾਂ ਨਾ ਦਿਖਾਉਣ ਅਤੇ ਸਦਨ ਦੀ ਗਰਿਮਾ ਬਣਾਈ ਰੱਖਣ ਦੀ ਬੇਨਤੀ ਕੀਤੀ। ਪਿਛਲੇ ਮਹੀਨੇ ਦੀ 3 ਤਰੀਕ ਨੂੰ, ਸਦਨ ਵਿੱਚ ਅਨੁਚਿਤ ਵਿਹਾਰ ਲਈ

ਅੱਠ ਵਿਰੋਧੀ ਸੰਸਦ ਮੈਂਬਰਾਂ ਨੂੰ ਬਜਟ ਇਜਲਾਸ ਦੇ ਬਾਕੀ ਸਮੇਂ ਲਈ ਮੁਅੱਤਲ ਕਰ ਦਿੱਤਾ ਗਿਆ ਸੀ। ਕਾਂਗਰਸ ਦੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਸੰਸਦ ਮੈਂਬਰਾਂ ਦੀ ਮੁਅੱਤਲੀ ਰੱਦ ਕਰਨ ਲਈ ਸਦਨ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਜਦੋਂ ਕਿ ਸੰਸਦ ਮੈਂਬਰ ਵੀ ਕਿਸੇ ਵੀ ਹੱਦ ਨੂੰ ਪਾਰ ਕਰਨ ਤੋਂ ਬਚਣਾ ਚਾਹੁੰਦੇ ਨੇ, ਪਰ ਸਭਾ ਨੂੰ ਚਲਾਉਣ ਦੀ ਮੁੱਢਲੀ ਜ਼ਿੰਮੇਵਾਰੀ ਸੱਤਾਧਾਰੀ ਪਾਰਟੀ ਦੀ ਹੁੰਦੀ ਏ । ਸ੍ਰੀ ਔਜਲਾ ਨੇ ਕਿਹਾ ਕਿ ਹਰ ਕਿਸੇ ਨੂੰ ਆਪਣੇ ਵਿਚਾਰ ਪ੍ਰਗਟ ਕਰਨ ਦਾ ਅਧਿਕਾਰ ਏ ।

---------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਧੂਰੀ ਵਿਖੇ 50 ਬਿਸਤਰਿਆਂ ਦੀ ਸਮਰੱਥਾ ਵਾਲਾ ਸਬ-ਡਿਵੀਜ਼ਨਲ ਹਸਪਤਾਲ ਅਤੇ 30 ਬਿਸਤਰਿਆਂ ਦੀ ਸਮਰੱਥਾ ਵਾਲਾ ਜੱਚਾ-ਬੱਚਾ ਬਲਾਕ ਜਨਤਾ ਨੂੰ ਸਮਰਪਿਤ ਕੀਤਾ। ਇਹ ਪ੍ਰਾਜੈਕਟ ਪੰਜਾਬ ਦੀ ਜਨਤਕ ਸਿਹਤ ਸੰਭਾਲ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਸੰਗਰੂਰ ਜ਼ਿਲ੍ਹੇ ਵਿੱਚ ਸਿਹਤ ਸੰਭਾਲ ਬੁਨਿਆਦੀ ਢਾਂਚੇ ਨੂੰ ਵੱਡਾ ਹੁਲਾਰਾ ਦੇਣ ਲਈ ਮੀਲ ਪੱਥਰ ਸਾਬਤ ਹੋਵੇਗਾ। ਇਕੱਠ ਨੂੰ

ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਪ੍ਰਾਜੈਕਟ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਕੇ ਸਿਹਤ ਸੇਵਾਵਾਂ ਦਾ ਪਸਾਰ ਕਰਨ ਅਤੇ ਡਾਕਟਰਾਂ ਤੇ ਸਟਾਫ ਦੀ ਮੌਜੂਦਗੀ ਨੂੰ ਬਿਹਤਰ ਬਣਾ ਕੇ ਪਹੁੰਚਯੋਗ ਅਤੇ ਮਰੀਜ਼ ਅਧਾਰਿਤ ਸਿਹਤ ਸੰਭਾਲ ਵਿਵਸਥਾ ਲਾਗੂ ਕਰਨ ਪ੍ਰਤੀ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਏ। ਇਹ ਸਹੂਲਤਾਂ ਨਾ ਸਿਰਫ਼ ਧੂਰੀ ਸ਼ਹਿਰ ਦੇ ਵਸਨੀਕਾਂ ਨੂੰ ਸਗੋਂ ਆਲੇ-ਦੁਆਲੇ ਦੇ ਕਰੀਬ 70 ਪਿੰਡਾਂ ਦੇ ਲੋਕਾਂ ਨੂੰ ਵੀ ਮਿਲਣਗੀਆਂ, ਜਿਸ ਨਾਲ ਹਜ਼ਾਰਾਂ ਵਸਨੀਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਆਧੁਨਿਕ ਸਿਹਤ ਸੇਵਾਵਾਂ ਮਿਲ ਸਕਣਗੀਆਂ।, 21 ਕਰੋੜ 65 ਲਖ ਰੁਪਏ ਦੀ ਲਾਗਤ ਨਾਲ ਬਣੇ ਇਸ ਕੰਪਲੈਕਸ ਵਿੱਚ ਲਗਭਗ 73 ਹਜ਼ਾਰ ਵਰਗ ਫੁੱਟ ਵਿੱਚ ਫੈਲੀ ਅਤਿ-ਆਧੁਨਿਕ ਇਮਾਰਤ ਏ ਜੋ ਇਸ ਖੇਤਰ ਲਈ ਵਰਦਾਨ ਸਾਬਤ ਹੋਵੇਗੀ। ਉਨ੍ਹਾਂ ਅੱਗੇ ਕਿਹਾ, "ਮਾਵਾਂ ਅਤੇ ਬੱਚਿਆਂ ਲਈ ਸਾਰੇ ਜ਼ਰੂਰੀ ਇਲਾਜ ਅਤੇ ਡਾਇਗਨੋਸਟਿਕ ਟੈਸਟ ਮੁਫਤ ਪ੍ਰਦਾਨ ਕੀਤੇ ਜਾਣਗੇ ਅਤੇ ਇਹ ਯਕੀਨੀ ਬਣਾਇਆ

ਜਾਵੇਗਾ ਕਿ ਕੋਈ ਵੀ ਪਰਿਵਾਰ ਮਾਲੀ ਤੰਗੀਆਂ ਕਾਰਨ ਸਿਹਤ ਸੰਭਾਲ ਤੋਂ ਵਾਂਝਾ ਨਾ ਰਹੇ ।

-------------------------------------------------------------------

ਚੰਡੀਗੜ੍ਹ ਪ੍ਰਸ਼ਾਸਨ ਨੇ ਹਥਿਆਰਬੰਦ ਫੌਜਾਂ ਦੇ ਮੁਲਾਜ਼ਮਾਂ ਵਲੋਂ ਦਿੱਤੀਆਂ ਗਈਆਂ ਅਨਮੋਲ ਸੇਵਾਵਾਂ ਦੇ ਸਨਮਾਨ ਵਿੱਚ, ਹਥਿਆਰਬੰਦ ਫੌਜਾਂ ਝੰਡਾ ਦਿਵਸ (AFFD) ਫੰਡ ਰਾਹੀਂ ਫੰਡ ਕੀਤੀਆਂ ਗਈਆਂ ਵੱਖ-ਵੱਖ ਭਲਾਈ ਯੋਜਨਾਵਾਂ ਦੇ ਤਹਿਤ ਦਰਾਂ ਵਿੱਚ ਸੋਧ ਨੂੰ ਮਨਜ਼ੂਰੀ ਦੇ ਦਿੱਤੀ ਏ । ਜ਼ਿਲ੍ਹਾ ਸੈਨਿਕ ਬੋਰਡ, ਚੰਡੀਗੜ੍ਹ ਦੇ ਡਿਪਟੀ ਕਮਿਸ਼ਨਰ-ਤੇ -ਪ੍ਰਧਾਨ, ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਤੋਂ ਬਾਅਦ ਦਰਾਂ ਵਿੱਚ ਵਾਧਾ ਕੀਤਾ ਗਿਆ ਏ । ਇਸ ਤੋਂ ਪਿਛਲਾ ਵਾਧਾ ਸਾਲ 2013 ਵਿੱਚ ਕੀਤਾ ਗਿਆ ਸੀ। ਸੋਧੇ ਹੋਏ ਭਲਾਈ ਉਪਾਵਾਂ ਮੁਤਾਬਿਕ ਨੇਤਰਹੀਣ ਸਾਬਕਾ ਫੌਜੀਆਂ ਅਤੇ ਉਨ੍ਹਾਂ ਦੇ ਬਚਿਆਂ ਨੂੰ ਮਾਸਿਕ ਸਹਾਇਤਾ, ਮਾਨਸਿਕ ਤੌਰ 'ਤੇ ਦਿਵਿਆਂਗ ਬਚਿਆਂ ਨੂੰ ਮਾਸਿਕ ਸਹਾਇਤਾ, 100 ਫੀਸਦੀ ਦਿਵਿਆਂਗਤਾ ਵਾਲੇ ਸਾਬਕਾ ਫੌਜੀਆਂ ਅਤੇ ਪੈਰਾਪਲੇਜਿਕ ਸੈਂਟਰਾਂ ਵਿੱਚ ਜ਼ੇਰੇ ਇਲਾਜ ਸਾਬਕਾ ਫੌਜੀਆਂ ਨੂੰ ਸਹਾਇਤਾ 1200 ਰੁਪਏ

ਤੋਂ ਵਧਾ ਕੇ 3 ਹਜ਼ਾਰ ਰੁਪਏ ਪ੍ਰਤੀ ਮਹੀਨਾ ਕਰ ਦਿੱਤੀ ਗਈ ਏ. ਰਿਟਾਇਰਮੈਂਟ ਤੋਂ ਬਾਅਦ 100 ਫੀਸਦੀ ਦਿਵਿਆਂਗਤਾ ਵਾਲੇ ਸਾਬਕਾ ਫੌਜੀਆਂ ਨੂੰ ਮਾਸਿਕ ਸਹਾਇਤਾ 1 ਹਜ਼ਾਰ ਰੁਪਏ ਤੋਂ ਵਧਾ ਕੇ 3 ਹਜ਼ਾਰ ਰੁਪਏ ਕਰ ਦਿੱਤੀ ਗਈ ਏ. ਸਾਬਕਾ ਫੌਜੀਆਂ ਜਾਂ ਉਨ੍ਹਾਂ ਦੀਆਂ ਵਿਧਵਾਵਾਂ ਨੂੰ ਇੱਕ ਵਾਰ ਦੀ ਮਾਲੀ ਸਹਾਇਤਾ 15 ਹਜ਼ਾਰ  ਰੁਪਏ ਤੋਂ ਵਧਾ ਕੇ 50 ਹਜ਼ਾਰ ਰੁਪਏ ਅਤੇ 10, ਹਜ਼ਾਰ ਰੁਪਏ  ਤੋਂ ਵਧਾ ਕੇ 25 ਹਜ਼ਾਰ ਰੁਪਏ ਕਰ ਦਿੱਤੀ ਗਈ ਏ ਜੋ ਕਿ ਕੇਸ ਦੇ ਅਧਾਰ ‘ਤੇ ਤੈਅ ਹੋਏਗਾ. ਸਾਬਕਾ ਸੈਨਿਕਾਂ ਦੇ ਅਜਿਹੇ ਬੱਚਿਆਂ ਜੋ ਕਿ ਆਰਥੋਪੀਡਿਕ ਤੌਰ 'ਤੇ 75 ਫੀਸਦੀ ਜਾਂ ਉਸ ਤੋਂ ਵਧ ਦਿਵਿਆਂਗ ਨੇ ਅਤੇ ਆਪਣੀ ਉਪਜੀਵਿਕਾ ਨਹੀਂ ਕਮਾ ਸਕਦੇ ਓਹਨਾਂ ਨੂੰ ਪ੍ਰਤੀ ਮਹੀਨਾ 3 ਹਜ਼ਾਰ ਰੁਪਏ ਪ੍ਰਦਾਨ ਕਰਨ ਲਈ ਇੱਕ ਨਵੀਂ ਯੋਜਨਾ ਵੀ ਪੇਸ਼ ਕੀਤੀ ਗਈ ਏ. ਯੋਗ ਲਾਭਪਾਤਰੀਆਂ ਨੂੰ ਹੋਰ ਵੇਰਵਿਆਂ ਅਤੇ ਅਰਜ਼ੀ ਪ੍ਰਕਿਰਿਆਵਾਂ ਲਈ ਜ਼ਿਲ੍ਹਾ ਸੈਨਿਕ ਭਲਾਈ ਦਫ਼ਤਰ, ਚੰਡੀਗੜ੍ਹ ਨਾਲ ਸੰਪਰਕ ਕਰਨ ਦੀ ਸਲਾਹ ਦਿੱਤੀ ਜਾਂਦੀ ਏ।

---

ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਮਲੋਟ ਵਿਖੇ ਲਗਭਗ 12 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਅੰਡਰ ਬ੍ਰਿਜ ਦਾ ਉਦਘਾਟਨ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਅੰਡਰ ਬ੍ਰਿਜ ਇਲਾਕੇ ਦੇ ਲੋਕਾਂ ਲਈ ਇੱਕ ਵੱਡੀ ਸੌਗਾਤ ਏ, ਜਿਸ ਨਾਲ ਆਵਾਜਾਈ ਨੂੰ ਸੁਚਾਰੂ ਬਣਾਉਣ ਵਿੱਚ ਮਦਦ ਮਿਲੇਗੀ ਅਤੇ ਲੋਕਾਂ ਨੂੰ ਰੋਜ਼ਾਨਾ ਆਉਣ-ਜਾਣ ਦੌਰਾਨ ਆ ਰਹੀਆਂ ਮੁਸ਼ਕਲਾਂ ਤੋਂ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਨਾਲ ਟ੍ਰੈਫਿਕ ਜਾਮ ਦੀ ਸਮੱਸਿਆ ਘੱਟ ਹੋਵੇਗੀ ਅਤੇ ਹਾਦਸਿਆਂ ਵਿੱਚ ਵੀ ਕਮੀ ਆਵੇਗੀ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਅੰਡਰ ਬ੍ਰਿਜ ਦੀ ਬੜੇ ਲੰਮੇ ਸਮੇਂ ਤੋਂ ਮੰਗ ਸੀ, ਉਹ ਅੱਜ ਪੂਰੀ ਹੋ ਗਈ ਏ ਅਤੇ ਇਹ ਬ੍ਰਿਜ ਲੋਕਾਂ ਦੇ ਸਪੁਰਦ ਕਰ ਦਿੱਤਾ ਗਿਆ ਏ । ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਲੋਕਾਂ ਦੀਆਂ ਮੁੱਖ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਰਹੀ ਏ ਅਤੇ

ਸੂਬੇ ਦੇ ਹਰ ਖੇਤਰ ਵਿੱਚ ਸਮਾਨ ਵਿਕਾਸ ਯਕੀਨੀ ਬਣਾਇਆ ਜਾ ਰਿਹਾ ਏ।

-----------------------------------------------------

ਆਰਥਿਕ ਤੌਰ 'ਤੇ ਕਮਜ਼ੋਰ ਬੱਚਿਆਂ ਦੀ ਸਹਾਇਤਾ ਲਈ ਸਰਕਾਰ ਵੱਲੋਂ ਮਿਸ਼ਨ ਵਾਤਸਲਯਾ ਸਪਾਂਸਰਸ਼ਿਪ ਸਕੀਮ ਚਲਾਈ ਜਾ ਰਹੀ ਏ। ਇਸ ਸਬੰਧੀ ਜਾਣਕਾਰੀ ਦਿੰਦਿਆਂ, ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਬਾਲ ਸੁਰੱਖਿਆ ਅਫਸਰ, ਹਰਭਜਨ ਸਿੰਘ ਮਹਿਮੀ ਨੇ ਦੱਸਿਆ ਕਿ, ਜਿਹੜੇ ਬੱਚਿਆਂ ਦੇ ਪਰਿਵਾਰ ਵਿੱਚ ਕਮਾਉਣ ਵਾਲੇ ਮੈਂਬਰ ਦੀ ਮੌਤ ਹੋ ਚੁੱਕੀ ਏ, ਬੱਚੇ ਅਨਾਥ ਨੇ, ਦਾਦਾ–ਦਾਦੀ ਨਾਲ ਰਹਿ ਰਹੇ ਨੇ ਜਾਂ HIV ਨਾਲ ਪੀੜਤ ਨੇ, ਉਹ ਇਸ ਸਕੀਮ ਦਾ ਲਾਭ ਲੈ ਸਕਦੇ ਨੇ। ਉਨ੍ਹਾਂ ਦੱਸਿਆ ਇਸ ਸਕੀਮ ਲਈ, ਸ਼ਹਿਰੀ ਇਲਾਕਿਆਂ ਵਿੱਚ ਪਰਿਵਾਰ ਦੀ ਸਾਲਾਨਾ ਆਮਦਨ 96 ਹਜ਼ਾਰ ਤੋਂ ਘੱਟ ਅਤੇ ਦਿਹਾਤੀ ਇਲਾਕਿਆਂ ਵਿੱਚ 72 ਹਜ਼ਾਰ ਤੋਂ ਘੱਟ ਹੋਣੀ ਲਾਜ਼ਮੀ ਏ। ਇਸ ਸਕੀਮ ਤਹਿਤ ਜ਼ਿਲ੍ਹੇ ਵਿੱਚ 978 ਯੋਗ ਬੱਚਿਆਂ ਨੂੰ ਪ੍ਰਤੀ ਮਹੀਨਾ 4 ਹਜ਼ਾਰ ਦੀ ਆਰਥਿਕ ਸਹਾਇਤਾ ਦਿੱਤੀ ਜਾ ਰਹੀ ਏ। ਮਹਿਲਾ ਤੇ ਬਾਲ

ਵਿਕਾਸ ਵਿਭਾਗ ਵੱਲੋਂ ਇਹ ਯਕੀਨੀ ਬਣਾਇਆ ਜਾ ਰਿਹਾ ਏ ਕਿ ਪੂਰੇ ਪੰਜਾਬ ਵਿੱਚ ਯੋਗ ਲਾਭਪਾਤਰੀ ਬੱਚਿਆਂ ਨੂੰ ਇਸ ਸਕੀਮ ਦਾ ਲਾਭ ਮਿਲ ਸਕੇ। ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਨੇ ਕਿਹਾ ਕਿ ਇਸ ਸਕੀਮ ਲਈ ਕਿਸੇ ਵੀ ਕਿਸਮ ਦੀ ਕੋਈ ਫੀਸ ਨਹੀਂ ਲੱਗਦੀ। ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਕੁਝ ਮਾਮਲੇ ਸਾਹਮਣੇ ਆਏ ਨੇ, ਜਿੱਥੇ ਕੁਝ ਅਣਪਛਾਤੇ ਵਿਅਕਤੀ, ਆਮ ਲੋਕਾਂ ਤੋਂ ਇਸ ਸਕੀਮ ਦੇ ਫਾਰਮ ਭਰਨ ਦੇ ਨਾਂ 'ਤੇ ਪੈਸੇ ਮੰਗ ਰਹੇ ਨੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਏ ਕਿ ਜੇਕਰ ਇਸ ਤਰ੍ਹਾਂ ਦੀ ਕੋਈ ਗਤੀਵਿਧੀ ਸਾਹਮਣੇ ਆਉਂਦੀ ਏ ਤਾਂ ਇਸ ਦੀ ਤੁਰੰਤ ਜਾਣਕਾਰੀ ਜ਼ਿਲ੍ਹਾ ਬਾਲ ਸੁਰੱਖਿਆ ਦਫਤਰ ਨੂੰ ਜਾਂ 1098 ਚਾਈਲਡ ਹੈਲਪ ਲਾਈਨ ਤੇ ਕਾਲ ਕਰਕੇ ਦਿੱਤੀ ਜਾਵੇ।

-----------------------------------------------------------------------------

ਸਰਕਾਰ ਨੇ ਸਪੱਸ਼ਟ ਕੀਤਾ ਏ ਕਿ LPG ਬਾਇਓਮੈਟ੍ਰਿਕ ਆਧਾਰ ਪ੍ਰਮਾਣੀਕਰਨ (e-KYC) ਸਿਰਫ਼ ਗੈਰ-ਪ੍ਰਮਾਣਿਤ LPG ਗਾਹਕਾਂ ਲਈ ਜ਼ਰੂਰੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਨੇ ਕਿਹਾ ਏ ਕਿ ਇਹ

ਕੋਈ ਨਵਾਂ ਦਿਸ਼ਾ ਨਿਰਦੇਸ਼ ਨਹੀਂ ਸਗੋਂ ਸਰਕਾਰ ਦੇ ਹੋਰ LPG ਖਪਤਕਾਰਾਂ ਨੂੰ ਬਾਇਓਮੈਟ੍ਰਿਕ ਆਧਾਰ ਪ੍ਰਮਾਣੀਕਰਨ ਨੂੰ ਪੂਰਾ ਕਰਨ ਲਈ ਉਤਸ਼ਾਹਿਤ ਕਰਨ ਦੇ ਯਤਨਾਂ ਦਾ ਹਿੱਸਾ ਏ । ਮੰਤਰਾਲੇ ਨੇ ਕਿਹਾ ਏ ਕਿ e-KYC ਦੀ ਜ਼ਰੂਰਤ ਉਨ੍ਹਾਂ LPG ਖਪਤਕਾਰਾਂ 'ਤੇ ਲਾਗੂ ਹੁੰਦੀ ਏ ਜਿਨ੍ਹਾਂ ਨੇ ਹੁਣ ਤੱਕ eKYC ਨਹੀਂ ਕੀਤਾ ਏ । ਗੈਰ-ਪ੍ਰਧਾਨ ਮੰਤਰੀ ਉੱਜਵਲਾ ਯੋਜਨਾ (PMUY) ਗਾਹਕਾਂ ਜਿਨ੍ਹਾਂ ਨੇ ਪਹਿਲਾਂ ਇਹ ਕੀਤਾ ਏ, ਨੂੰ ਦੁਬਾਰਾ ਅਜਿਹਾ ਕਰਨ ਦੀ ਜ਼ਰੂਰਤ ਨਹੀਂ ਏ. PMUY ਗਾਹਕਾਂ ਨੂੰ ਹਰ ਮਾਲੀ ਸਾਲ ਵਿੱਚ ਸਿਰਫ਼ ਇੱਕ ਵਾਰ, 7 ਰੀਫਿਲ ਤੋਂ ਬਾਅਦ 8 ਵੇਂ ਅਤੇ 9ਵੇ ਰੀਫਿਲ ਲਈ, ਅਜਿਹਾ ਕਰਨ ਦੀ ਲੋੜ ਹੁੰਦੀ ਏ ਤਾਂ ਜੋ ਓਹ ਸਿਧਾ ਬੈਂਕ ਤਬਾਦਲਾ ਸਬਸਿਡੀਆਂ ਪ੍ਰਾਪਤ ਕਰਨ ਸਕਣ.

---

- ਸਰਕਾਰ ਨੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੀ ਬਜਟ ਵੰਡ ਨੂੰ ਵਧਾ ਕੇ 2025-26 ਦੌਰਾਨ 1 ਲੱਖ 27 ਹਜ਼ਾਰ 290 ਕਰੋੜ ਰੁਪਏ ਕਰ ਦਿੱਤਾ ਏ ।

- ਲੋਕ ਸਭਾ ਨੇ ਅੱਜ ਕਾਂਗਰਸ ਦੇ ਅਮਰਿੰਦਰ ਸਿੰਘ ਰਾਜਾ ਵੜਿੰਗ, ਤੇ ਗੁਰਜੀਤ ਸਿੰਘ ਔਜਲਾ ਸਮੇਤ ਅੱਠ ਵਿਰੋਧੀ ਸੰਸਦ ਮੈਂਬਰਾਂ ਦੀ ਮੁਅੱਤਲੀ ਰੱਦ ਕਰ ਦਿੱਤੀ ਏ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਧੂਰੀ ਵਿਖੇ 50 ਬਿਸਤਰਿਆਂ ਦੀ ਸਮਰੱਥਾ ਵਾਲਾ ਸਬ-ਡਿਵੀਜ਼ਨਲ ਹਸਪਤਾਲ ਅਤੇ 30 ਬਿਸਤਰਿਆਂ ਵਾਲਾ ਜੱਚਾ-ਬੱਚਾ ਬਲਾਕ ਜਨਤਾ ਨੂੰ ਸਮਰਪਿਤ ਕੀਤਾ।

- ਚੰਡੀਗੜ੍ਹ ਪ੍ਰਸ਼ਾਸਨ ਨੇ ਸਾਬਕਾ ਫੌਜੀਆਂ ਲਈ ਵੱਖ-ਵੱਖ ਭਲਾਈ ਯੋਜਨਾਵਾਂ ਤਹਿਤ ਦਰਾਂ ਵਿੱਚ ਸੋਧ ਨੂੰ ਮਨਜ਼ੂਰੀ ਦੇ ਦਿੱਤੀ ਏ।

- ਸਰਕਾਰ ਨੇ ਸਪੱਸ਼ਟ ਕੀਤਾ ਏ ਕਿ LPG ਬਾਇਓਮੈਟ੍ਰਿਕ ਆਧਾਰ ਪ੍ਰਮਾਣੀਕਰਨ (e-KYC) ਸਿਰਫ਼ ਗੈਰ-ਪ੍ਰਮਾਣਿਤ LPG ਗਾਹਕਾਂ ਲਈ ਜ਼ਰੂਰੀ ਏ।

-----------------------------------------------------------------------------------

**ਇਸਦੇ ਨਾਲ  ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ  ਬੁਲੇਟਿਨ ਤੁਸੀਂ ਸੁਣੋਗੇ  7 ਵੱਜਕੇ  30  ਮਿੰਟ  'ਤੇ**

**ਨਮਸਕਾਰ  !**